**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-6 ਸ਼ਾਖਾ )**

**ਵੈਬਸਾਈਟ ਰਾਹੀਂ**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
ਸਮੂਹ ਸਕੂਲ ਮੁੱਖੀ, ਸਮਾਰਟ ਸਕੂਲ, ਪੰਜਾਬ।

ਮੀਮੋਂ ਨੰਬਰ: RMSA/PLAN/2018/30304 ਮਿਤੀ: 19-07-2018

**ਵਿਸ਼ਾ: ਮਿਤੀ 12-07-2018 ਨੂੰ ਸਮੂਹ ਸਮਾਰਟ ਸਕੂਲ ਮੁੱਖੀਆਂ ਦੀ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਸਬੰਧੀ ਹਦਾਇਤਾਂ।**

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਸਮਾਰਟ ਸਕੂਲਾਂ ਨੂੰ ਬਿਹਤਰ ਬਣਾਉਣ ਅਤੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਅਤੇ ਗੁਣਵੱਤਾ ਸਿੱਖਿਆ ਮੁਹੱਈਆ ਕਰਵਾਉਣ ਲਈ ਵਿਭਾਗ ਵੱਲੋਂ ਪੁਰਜ਼ੋਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸ ਸਬੰਧੀ ਸਕੂਲ ਮੁਖੀਆਂ ਨੂੰ ਹਦਾਇਤਾਂ ਵੀ ਜਾਰੀ ਕੀਤੀਆਂ ਜਾ ਰਹੀਆਂ ਹਨ।

3.0 ਮੀਟਿੰਗ ਦੋਰਾਨ ਇਹ ਗੱਲ ਵਿਭਾਗ ਦੇ ਧਿਆਨ ਵਿੱਚ ਆਈ ਹੈ ਕਿ ਕਈ ਸਮਾਰਟ ਸਕੂਲਾਂ ਵਿੱਚ ਅਜੇ ਤੱਕ ਅੰਗਰੇਜ਼ੀ ਮਾਧਿਅਮ ਸ਼ੁਰੂ ਨਹੀਂ ਕੀਤਾ ਗਿਆ ਅਤੇ ਨਾ ਹੀ ਸਕੂਲ ਮੁੱਖੀਆਂ ਵੱਲੋਂ ਇਨ੍ਹਾਂ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਲਈ ਲੋੜੀਂਦੇ ਕਦਮ ਚੁੱਕੇ ਗਏ ਹਨ। ਵਿਭਾਗ ਵੱਲੋਂ ਇਸ ਦਾ ਗੰਭੀਰ ਨੋਟਿਸ ਲੈਂਦੇ ਹੋਏ ਹੇਠ ਲਿਖੀਆਂ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ:-

- ਸਮਾਰਟ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਨੂੰ ਵਧਾਉਣ ਲਈ ਵੱਧ ਤੋ ਵੱਧ ਉਪਰਾਲੇ ਕੀਤੇ ਜਾਣ।
- ਵਿਦਿਆਰਥੀਆਂ ਦੇ Result 100 ਪ੍ਰਤੀਸ਼ਤ ਲਿਆਉਣ ਲਈ ਪੁਰਜ਼ੋਰ ਉਪਰਾਲੇ ਕੀਤੇ ਜਾਣ।
- ਵਿਦਿਆਰਥੀਆਂ ਨੂੰ ਅੰਗਰੇਜ਼ੀ ਮਾਧਿਆਮ ਲੈਣ ਲਈ ਸਕੂਲ ਮੁੱਖੀ ਅਤੇ ਅਧਿਆਪਕਾਂ ਵੱਲੋਂ ਉਤਸਾਹਿਤ ਕੀਤਾ ਜਾਵੇ।
- ਹਰ ਸਮਾਰਟ ਸਕੂਲ ਮੁੱਖੀ ਵੱਲੋ ਆਪਣੇ ਸਕੂਲ ਦਾ ਐਕਸ਼ਨ ਪਲਾਨ ਤਿਆਰ ਕੀਤਾ ਜਾਵੇ ਅਤੇ ਉਸ ਮੁਤਾਬਕ ਪੂਰਾ ਸਾਲ ਕੰਮ ਕੀਤਾ ਜਾਵੇ।
- ਸਕੂਲ ਮੁੱਖੀ ਆਪਣੇ ਸਟਾਫ ਅਤੇ ਸਥਾਨਕ ਲੋਕਾਂ ਦੇ ਸਹਿਯੋਗ ਅਤੇ Innovative ਤਰੀਕਿਆਂ ਨਾਲ ਸਕੂਲ ਦੀ ਦਿੱਖ ਸੁਧਾਰਨ ਅਤੇ ਵਿਦਿਆਰਥੀਆਂ ਨੂੰ ਮਿਆਰੀ ਅਤੇ ਗੁਣਤਾਮਕ ਸਿੱਖਿਆ ਮੁਹੱਈਆ ਕਰਵਾਉਣ ਹਿੱਤ ਵੱਧ ਤੋ ਵੱਧ ਯਤਨ ਕਰਨ।